ਦਫਤਰ ਜਿਲ੍ਹਾ ਸਿੱਖਿਆ ਅਫਸਰ (ਸੈ: ਸਿ:) ਸੰਗਰੂਰ

ਪਿੱਠ ਅੰਕਣ ਨੰ: 465844/ਸ-9/2020 66677

ਮਿਤੀ ਸੰਗਰੂਰ: 19/02/2020

ਉਪਰੋਕਤ ਦਾ ਉਤਾਰਾ ਸਮੂਹ ਸਕੂਲ ਮੁਖੀ/ਪ੍ਰਿੰਸੀਪਲਾਂ ਸਕੂਲਾਂ/ਹਾਈ/ਮਿਡਲ ਸਕੂਲਜ਼ ਅਤੇ ਏਡਿਡ ਸਕੂਲਜ਼ ਸੰਗਰੂਰ ਨੂੰ ਭੇਜ ਕੇ ਲਿਖਿਆ ਜਾਂਦਾ ਹੈ ਕਿ ਉਕਤ ਪੱਤਰ ਵਿੱਚ ਦਰਜ ਹਦਾਇਤਾਂ ਦੀ ਪਾਲਣਾ ਇੰਨ-ਬਿੰਨ ਯਕੀਨੀ ਬਣਾਈ।

ਸਹੀ/- 19/2/2020

ਜ਼ਿਲ੍ਹਾ ਸਿੱਖਿਆ ਅਫਸਰ (ਸੈ.ਸਿ.)

ਸੰਗਰੂਰ

19/02/2020

ਦਫਤਰ ਜਿਲਾ ਮੈਜਿਸਟਰੇਟ, ਜਲੰਧਰ
Office of the District Magistrate
Jalandhar (Punjab)

No. ........................
Date ........................

Phone :0181-2224783(O)
:0181-2459444(R)
Fax :0181-2224727
Email: dcjal@punjabmail.gov.in

46584
19/2/20

ਹੁਕਮ

ਸੈਂਟਰਲ ਬੋਰਡ ਆਫ ਸੈਕੰਡਰੀ ਐਜੂਕੇਸ਼ਨ ਦੇ 10ਵੀਂ ਅਤੇ 12ਵੀਂ ਜਮਾਤ ਦੀਆਂ ਪ੍ਰੀਖਿਆਵਾਂ ਮਿਤੀ 15-02-2020 ਤੋਂ ਮਿਤੀ: 30.03.2020 ਤੱਕ ਕਰਵਾਈਆਂ ਜਾ ਰਹੀਆਂ ਹਨ। ਪ੍ਰੀਖਿਆਵਾਂ ਦੌਰਾਨ ਪ੍ਰੀਖਿਆਰਥੀਆਂ ਦੇ ਰਿਸ਼ਤੇਦਾਰਾਂ ਅਤੇ ਹੋਰ ਵਿਅਕਤੀ ਆਦਿ ਕੇਂਦਰਾਂ ਦੇ ਇਰਦ-ਗਿਰਦ ਇੱਕਠੇ ਹੋ ਜਾਂਦੇ ਹਨ ਜਿਸ ਨਾਲ ਅਮਨ ਤੇ ਕਾਨੂੰਨ ਦੀ ਸਥਿਤੀ ਨੂੰ ਖਤਰਾ ਪੈਦਾ ਹੋ ਜਾਂਦਾ ਹੈ। ਇਸ ਲਈ ਇਹ ਜ਼ਰੂਰੀ ਹੋ ਜਾਂਦਾ ਹੈ ਕਿ ਪ੍ਰੀਖਿਆਵਾਂ ਨੂੰ ਸ਼ਾਤਮਈ ਢੰਗ ਨਾਲ ਕਰਾਉਣ ਅਤੇ ਅਮਨ ਤੇ ਕਾਨੂੰਨ ਦੀ ਸਥਿਤੀ ਨੂੰ ਬਹਾਲ ਰੱਖਣ ਲਈ ਪ੍ਰੀਖਿਆ ਕੇਂਦਰਾਂ ਦੇ ਆਲੇ ਦੁਆਲੇ ਦਫਾ 144 ਲਗਾਈ ਜਾਵੇ।

ਇਸ ਲਈ ਮੈਂ, ਵਰਿੰਦਰ ਕੁਮਾਰ ਸ਼ਰਮਾ, ਆਈ.ਏ.ਐਸ. ਜਿਲ੍ਹਾ ਮੈਜਿਸਟਰੇਟ, ਜਲੰਧਰ, ਇਹਨਾਂ ਪ੍ਰੀਖਿਆਵਾਂ ਨੂੰ ਮੱਦੇਨਜਰ ਰੱਖਦੇ ਹੋਏ ਫੌਜਦਾਰੀ ਜਾਬਤਾ ਸੰਘਤਾ 1973 (1974 ਦਾ ਐਕਟ ਨੰਬਰ 2) ਦਾ ਧਾਰਾ 144 ਅਧੀਨ ਪ੍ਰਾਪਤ ਹੋਏ ਅਧਿਕਾਰਾਂ ਦੀ ਵਰਤੋਂ ਕਰਦਾ ਹੋਇਆ ਇਹ ਹੁਕਮ ਜਾਰੀ ਕਰਦਾ ਹਾਂ ਕਿ ਜਿਲ੍ਹਾ ਜਲੰਧਰ ਦੇ ਸਮੂਹ ਪ੍ਰੀਖਿਆ ਕੇਂਦਰਾਂ ਦੇ ਆਲੇ ਦੁਆਲੇ ਪੰਜ ਜਾਂ ਪੰਜ ਵਿੱਅਕਤੀਆਂ ਤੋਂ ਵੱਧ ਵਿਅਕਤੀਆਂ ਦੀ ਇੱਕਤਰਤਾ ਤੇ ਪੂਰਨ ਤੌਰ ਤੇ ਪਾਬੰਦੀ ਲਗਾਈ ਜਾਂਦੀ ਹੈ।

ਇਹ ਹੁਕਮ ਪ੍ਰੀਖਿਆਵਾਂ ਦੇ ਖਤਮ ਹੋਣ ਤੱਕ ਲਾਗੂ ਰਹੇਗਾ।

ਮਾਮਲੇ ਦੀ ਤੱਤਪਰਤਾ ਨੂੰ ਮੁੱਖ ਰੱਖਦੇ ਹੋਏ ਇਹ ਹੁਕਮ ਇਕਤਰਫਾ ਪਾਸ ਕਰਕੇ ਆਮ ਜਨਤਾ ਦੇ ਨਾਂ ਜਾਰੀ ਕੀਤਾ ਜਾਂਦਾ ਹੈ। ਇਹ ਹੁਕਮ ਤੁਰੰਤ ਲਾਗੂ ਹੋਵੇਗਾ। ਇਹ ਹੁਕਮ ਜਿਲ੍ਹਾ ਲੋਕ ਸੰਪਰਕ ਅਫਸਰ, ਜਲੰਧਰ ਦੀ ਪ੍ਰਚਾਰ ਵੈਨ ਅਤੇ ਪ੍ਰੈਸ ਮੀਡੀਆ ਰਾਹੀਂ ਪ੍ਰਚਾਰ ਕਰਕੇ/ਪੁਲਿਸ ਸਟੇਸ਼ਨ/ ਨਗਰ ਪਾਲਿਕਾਵਾਂ/ ਉਪ ਮੰਡਲ ਮੈਜਿਸਟਰੇਟਾਂ/ ਤਹਿਸੀਲਦਾਰ/ ਬਲਾਕ ਵਿਕਾਸ ਅਤੇ ਪੰਚਾਇਤ ਅਫਸਰਾਂ/ ਮਾਰਕੀਟ ਕਮੇਟੀਆਂ ਆਦਿ ਦਫਤਰਾਂ ਦੇ ਨੋਟਿਸ ਬੋਰਡਾਂ ਅਤੇ ਜਿਲ੍ਹਾ ਜਲੰਧਰ ਦੀਆਂ ਉੱਘੀਆਂ ਥਾਵਾਂ ਤੇ ਚਸਪਾ ਕਰਕੇ ਲਾਗੂ ਕੀਤਾ ਜਾਵੇ।

ਇਹ ਹੁਕਮ ਮੇਰੇ ਹਸਤਾਖਰ ਅਤੇ ਮੋਹਰ ਅਦਾਲਤ ਨਾਲ ਮਿਤੀ 17/2/20 ਨੂੰ ਜਾਰੀ ਕੀਤਾ ਗਿਆ।

ਜਿਲ੍ਹਾ ਮੈਜਿਸਟਰੇਟ ਜਲੰਧਰ

(ਵਰਿੰਦਰ ਕੁਮਾਰ ਸ਼ਰਮਾ)
ਆਈ.ਏ.ਐਸ.
ਜਿਲ੍ਹਾ ਮੈਜਿਸਟਰੇਟ,
ਜਲੰਧਰ।

ਪਿੱਠ ਅੰਕਣ ਨੰਬਰ: 1761-62 /ਐਮ.ਸੀ.4/ਐਮ.ਏ. ਮਿਤੀ: 17-02-2020

ਇਸ ਦਾ ਇਕ ਉਤਾਰਾ ਹੇਠ ਦਰਜ ਨੂੰ ਸੂਚਨਾ ਅਤੇ ਲੋੜੀਂਦੀ ਕਾਰਵਾਈ ਹਿੱਤ ਭੇਜਿਆ ਜਾਂਦਾ ਹੈ:-

1. ਮੁੱਖ ਸਕੱਤਰ, ਪੰਜਾਬ ਸਰਕਾਰ, ਚੰਡੀਗੜ੍ਹ।
2. ਗ੍ਰਹਿ ਸਕੱਤਰ, ਪੰਜਾਬ ਸਰਕਾਰ, ਚੰਡੀਗੜ੍ਹ।
3. ਡਾਇਰੈਕਟਰ ਜਨਰਲ ਪੁਲਿਸ, ਪੰਜਾਬ, ਚੰਡੀਗੜ੍ਹ।
4. ਚੇਅਰਪਰਸਨ, ਸੈਂਟਰਲ ਬੋਰਡ ਆਫ ਸੈਕੰਡਰੀ ਐਜੂਕੇਸ਼ਨ DO No. CBSE/SECRET/2020/1076-97 date: 23.01.2020 ਦੇ ਸਬੰਧ ਵਿੱਚ।
5. ਕਮਿਸ਼ਨਰ ਜਲੰਧਰ ਮੰਡਲ, ਜਲੰਧਰ।
6. ਡੀ.ਆਈ.ਜੀ. ਪੁਲਿਸ ਜਲੰਧਰ ਰੇਂਜ ਜਲੰਧਰ।
7. ਕਮਿਸ਼ਨਰ ਪੁਲਿਸ ਜਲੰਧਰ/ਸੀਨੀਅਰ ਪੁਲਿਸ ਕਪਤਾਨ ਜਲੰਧਰ ਦਿਹਾਤੀ ਨੂੰ ਬੇਨਤੀ ਕੀਤੀ ਜਾਂਦੀ ਹੈ ਕਿ ਉਕਤ ਪ੍ਰੀਖਿਆ ਕੇਂਦਰਾਂ ਤੇ ਲੋੜੀਂਦੇ ਸੁਰੱਖਿਆ ਦੇ ਇੰਤਜਾਮ ਕੀਤੇ ਜਾਣ ਜੀ।
8. ਸਮੂਹ ਐਸ.ਡੀ.ਐਮ. ਜਿਲ੍ਹਾ ਜਲੰਧਰ।
9. ਜਿਲ੍ਹਾ ਅਟਾਰਨੀ ਜਲੰਧਰ।
10. ਜਿਲ੍ਹਾ ਲੋਕ ਸੰਪਰਕ ਅਫਸਰ, ਜਲੰਧਰ।
11. ਜਿਲ੍ਹਾ ਸਿਖਿਆ ਅਫਸਰ (ਸੈਕੰਡਰੀ) ਜਲੰਧਰ।
12. ਜਿਲ੍ਹਾ ਸਿਖਿਆ ਅਫਸਰ (ਪ੍ਰਾਇਮਰੀ) ਜਲੰਧਰ।
13. ਸੁਪਰਡੈਂਟ ਗਰੇਡ-1, ਪੀ.ਏ.ਟੂ ਡੀ.ਸੀ., ਸਟੈਨੋ ਟੂ ਏ.ਡੀ.ਸੀ.(ਜ) ਸਟੈਨੋ ਟੂ ਏ.ਸੀ.ਜ., ਸਟੈਨੋ ਟੂ ਏ.ਸੀ. (ਸ਼ਿਕਾਇਤਾਂ).

ਵਾ: ਜਿਲ੍ਹਾ ਮੈਜਿਸਟਰੇਟ,
ਜਲੰਧਰ।

Scanned by CamScanner